ਰੋਜ਼ਾਨਾ ਸਪੋਕਸਮੈਨ

ਐਤਵਾਰ, 22 ਸਤੰਬਰ 2024

...ਸਮੇਤ ਸਮੂਹ ਆੜ੍ਹਤੀ ਅਤੇ ਸ਼ੈਲਰ ਮਾਲਕ ਹਾਜ਼ਰ ਸਨ।

# ਖ਼ਾਲਸਾ ਗਰਲਜ਼ ਕਾਲਜ ਮੋਰਿੰਡਾ ਨੇ ਕਰਵਾਇਆ ਵਿਦਿਅਕ ਟੂਰ



**ਵਿਦਿਅਕ ਟੂਰ ਦੌਰਾਨ ਖ਼ਾਲਸਾ ਗਰਲਜ਼ ਕਾਲਜ ਮੋਰਿੰਡਾ ਦੀਆਂ ਵਿਦਿਆਰਥਣਾਂ ਤੇ ਸਟਾਫ਼ ਮੈਂਬਰ।**

**ਮੋਰਿੰਡਾ, 21 ਸਤੰਬਰ (ਮੋਹਨ ਸਿੰਘ ਅਰੋੜਾ):** ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਗਰਲਜ਼ ਕਾਲਜ ਮੋਰਿੰਡਾ ਵਲੋਂ ਵਿਦਿਆਰਥਣਾਂ ਦਾ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਦਾ ਵਿਦਿਅਕ ਟੂਰ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ. ਪੁਸ਼ਪਿੰਦਰ ਕੌਰ ਨੇ ਦੱਸਿਆ ਕਿ ਕਾਲਜ ਦੀਆਂ ਬੀ.ਏ., ਬੀ.ਕਾਮ ਅਤੇ ਬੀ.ਸੀ.ਏ. ਦੀਆਂ ਵਾਤਾਵਰਣ ਸਿੱਖਿਆ ਵਿਸ਼ੇ ਦੀਆਂ 76 ਵਿਦਿਆਰਥਣਾਂ ਦਾ ਵਿਦਿਅਕ ਟੂਰ ਕਰਵਾਇਆ ਗਿਆ। ਇਸ ਟੂਰ ਦੌਰਾਨ ਵਾਤਾਵਰਣ ਦੀ ਸੁਰੱਖਿਆ ਸਬੰਧੀ ਵਿਦਿਆਰਥਣਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਹਰਬਲ ਗਾਰਡਨ ਅਤੇ ਰੇਨਵਾਟਰ ਹਾਰਵੈਸਟਿੰਗ ਬਾਰੇ ਵੀ ਦੱਸਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਗੁਰਪ੍ਰੀਤ ਕੌਰ, ਪ੍ਰੋ. ਬੇਅੰਤ ਕੌਰ ਅਤੇ ਪ੍ਰੋ. ਗਗਨਦੀਪ ਕੌਰ ਆਦਿ ਹਾਜ਼ਰ ਸਨ।